**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

# ਪੇਡਾ ਵੱਲੋਂ ਪਿੰਡਾਂ ਵਿਚ ਸੋਲਰ ਸਟਰੀਟ ਲਾਈਟਾਂ ਲਗਵਾਉਣ ਲਈ ਵਿਸ਼ੇਸ਼ ਉਪਰਾਲਾ

## ਸਰਕਾਰ ਵੱਲੋਂ ਦਿੱਤਾ ਜਾ ਰਿਹਾ ਹੈ ਯੋਗਦਾਨ

ਫਾਜ਼ਿਲਕਾ 19 ਮਾਰਚ

ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਲੋਕ ਭਲਾਈ ਸਕੀਮਾਂ ਚਲਾਈਆਂ ਜਾ ਰਹੀਆਂ ਹਨ ਜਿਸ ਤਹਿਤ ਲੋਕਾਂ ਨੂੰ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਵਿਚ ਸੋਲਰ ਸਟਰੀਟ ਲਾਈਟਾਂ ਲਗਵਾਉਣ ਲਈ ਵਿਸ਼ੇਸ਼ ਉਪਰਾਲਾ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਹ ਲਾਹਾ ਪੰਜਾਬ ਐਨਰਜੀ ਡਿਵੈਲਪਮੈਂਟ ਏਜੰਸੀ (ਪੇਡਾ) ਵੱਲੋਂ ਮੁਹੱਈਆ ਕਰਵਾਇਆ ਜਾ ਰਿਹਾ ਹੈ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਪੰਜਾਬ ਐਨਰਜੀ ਡਿਵੈਲਪਮੈਂਟ ਏਜੰਸੀ ਦੇ ਜ਼ਿਲ੍ਹਾ ਮੈਨੇਜਰ ਸ੍ਰੀ ਗੁਰਮੀਤ ਸਿੰਘ ਨੇ ਦੱਸਿਆ ਕਿ ਪਿੰਡਾਂ ਵਿਚ ਸੋਲਰ ਸਟਰੀਟ ਲਾਈਟਾਂ ਲਗਵਾਉਣ ਲਈ ਵਿਸ਼ੇਸ਼ ਸਕੀਮ ਚਲਾਈ ਜਾ ਰਹੀ ਹੈ। ਸੋਲਰ ਸਟਰੀਟ ਲਾਈਟਾਂ ਲਗਵਾਉਣ ਦੀ ਕੁੱਲ ਕੀਮਤ 14 ਹਜ਼ਾਰ 259 ਰੁਪਏ ਹੈ।ਉਨ੍ਹਾਂ ਦੱਸਿਆ ਕਿ ਸੋਲਰ ਸਟਰੀਟ ਲਗਾਉਣ ਵਿਚ ਸਰਕਾਰ ਵੱਲੋਂ ਵੀ ਵਿਸ਼ੇਸ਼ ਸਹਿਯੋਗ ਦਿੱਤਾ ਜਾ ਰਿਹਾ ਹੈ। ਸਰਕਾਰ ਵੱਲੋਂ ਸੋਲਰ ਸਟਰੀਟ ਲਾਈਟਾਂ ਲਗਾਉਣ ਲਈ 4074 ਰੁਪਏ ਦਾ ਯੋਗਦਾਨ ਦਿੱਤਾ ਜਾ ਰਿਹਾ ਹੈ ਅਤੇ ਲਾਭਪਾਤਰੀ ਨੂੰ 10185 ਰੁਪਏ ਦੀ ਰਕਮ ਅਦਾ ਕਰਨੀ ਪਵੇਗੀ।ਉਨ੍ਹਾਂ ਦੱਸਿਆ ਕਿ ਇਸ ਲਾਗਤ ਵਿਚ ਸਰਟੀਟ ਲਾਈਟਾਂ ਦੀ ਪੰਜ ਸਾਲ ਦੀ ਗਾਰੰਟੀ ਅਤੇ ਸਲਾਨਾ ਰੱਖ ਰਖਾਵ ਸ਼ਾਮਲ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਸਰਹੱਦੀ ਖੇਤਰ ਦੇ ਪਿੰਡਾਂ ਨੂੰ ਵਿਸ਼ੇਸ਼ ਤਵਜੋਂ ਦਿੱਤੀ ਜਾ ਰਹੀ ਹੈ।

ਉਨ੍ਹਾਂ ਦੱਸਿਆ ਕਿ ਇਹ ਲਾਈਟਾਂ ਸ਼ਾਮ ਸਮੇਂ ਆਪਦੇ ਆਪ ਚੱਲ ਜਾਂਦੀਆਂ ਹਨ ਅਤੇ ਸਵੇਰ ਸਮੇਂ ਆਪਣੇ ਆਪ ਬੰਦ ਹੋ ਜਾਂਦੀਆਂ ਹਨ।ਉਨ੍ਹਾਂ ਦੱਸਿਆ ਕਿ ਲਾਈਟਾਂ ਲਗਵਾਉਣ ਦੇ ਚਾਹਵਾਨ ਪਿੰਡ ਵਾਸੀ ਨਿਰਧਾਰਤ ਬਿਨੈ ਪਤਰ ਪ੍ਰੋਫਾਰਮਾ ਵਿਭਾਗ ਦੀ ਵੈਬਸਾਈਟ www.peda.gov.in ਤੋਂ ਡਾਉਨਲੋਡ ਕਰ ਸਕਦੇ ਹਨ ਅਤੇ ਲੋੜੀਂਦੀ ਰਾਸ਼ੀ ਦਾ ਡਿਮਾਂਡ ਡਰਾਫਟ ਬਣਾਕੇ ਮੁੱਖ ਦਫਤਰ ਚੰਡੀਗੜ੍ਹ ਵਿਖੇ ਭੇਜ਼ ਸਕਦੇ ਹਨ।ਵਧੇਰੇ ਜਾਣਕਾਰੀ ਲਈ 0172-2663328, 2663382, 95014-34488 ਅਤੇ 94634-82870 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਇਸ ਸਕੀਮ ਦਾ ਵੱਧ ਤੋਂ ਵੱਧ ਲਾਹਾ ਲਿਆ ਜਾਵੇ।

**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਪੰਜਵੀਂ ਬੋਰਡ ਪ੍ਰੀਖਿਆ ਦੌਰਾਨ ਵਿਦਿਆਰਥੀਆਂ ਦੇ ਨੰਬਰ ਅਪਲੋਡ ਕਰਨ ਵਾਲੇ ਅਧਿਆਪਕਾਂ ਸਮੇਤ ਸਮੁੱਚੇ ਅਮਲੇ ਵੱਲੋਂ ਕੀਤਾ ਜਾ ਰਿਹਾ ਹੈ ਸਲਾਘਾਯੋਗ ਕੰਮ**

**ਫਾਜ਼ਿਲਕਾ 19 ਮਾਰਚ**

ਜਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਡਾ. ਸੁਖਵੀਰ ਸਿੰਘ ਬੱਲ ਨੈਸ਼ਨਲ ਅਵਾਰਡੀ ਨੇ ਦੱਸਿਆ ਕਿ ਸਿੱਖਿਆ ਵਿਭਾਗ ਵੱਲੋਂ ਪੰਜਵੀਂ ਜਮਾਤ ਦੀ ਲਈ ਜਾ ਰਹੀ ਬੋਰਡ ਦੀ ਪ੍ਰੀਖਿਆ ਦੌਰਾਨ ਸਮੂਹ ਅਧਿਆਪਕ ਵਰਗ ਵੱਲੋਂ ਆਪਣੀ ਡਿਊਟੀ ਸਲਾਘਾਯੋਗ ਢੰਗ ਨਾਲ ਨਿਭਾਈ ਜਾ ਰਹੀ ਹੈ। ਹਰ ਕਲੱਸਟਰ ਦੇ ਸੀਐਚਟੀ ਵੱਲੋ ਆਪਣੇ ਕਲੱਸਟਰ ਦੇ ਸਕੂਲਾਂ ਦਾ ਪੇਪਰਾਂ ਸਬੰਧੀ ਸਾਰਾ ਕੰਮ ਪੇਪਰ ਵੰਡਣ ਤੋ ਮਾਰਕਿੰਗ ਤੱਕ ਦਾ ਸਾਰਾ ਪ੍ਰਬੰਧ ਬੜੇ ਸੁਚੱਜੇ ਢੰਗ ਨਾਲ ਕਰਵਾਇਆ ਜਾ ਰਿਹਾ ਹੈ।

ਜ਼ਿਲ੍ਹਾ ਸਿਖਿਆ ਅਫਸਰ ਨੇ ਦੱਸਿਆ ਕਿ ਕੰਪਿਊਟਰ ਦੀ ਮੁਹਾਰਤ ਰੱਖਣ ਵਾਲੇ ਅਧਿਆਪਕਾਂ ਦੀ ਡਿਊਟੀ ਮਾਰਕਿੰਗ ਤੋ ਬਾਅਦ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਪੋਰਟਲ ਤੇ ਵਿਦਿਆਰਥੀਆਂ ਦੇ ਨੰਬਰ ਅਪਲੋਡ ਕਰਨ ਦੀ ਹੈ। ਜਿਕਰਯੋਗ ਹੈ ਕਿ ਵਿਭਾਗ ਦੀਆ ਹਦਾਇਤਾਂ ਅਨੁਸਾਰ ਪੇਪਰ ਵਾਲੇ ਦਿਨ ਹੀ ਇਹ ਸਾਰਾ ਕੰਮ  ਨਿਪਟਾਉਣਾ ਹੁੰਦਾ ਹੈ। ਇਸ ਲਈ ਇਹ ਅਧਿਆਪਕ ਦੇਰ ਸ਼ਾਮ ਤੱਕ ਉਕਤ ਕੰਮ ਨੂੰ ਪੂਰੀ ਤਨਦੇਹੀ ਨਾਲ ਨਿਪਟਾਉਦੇ ਹਨ।

ਕਲੱਸਟਰ ਨੰਬਰ 3 ਤੋ ਸੀਐਚਟੀ ਪੁਸ਼ਪਾ ਕੁਮਾਰੀ ਦੀ ਅਗਵਾਈ ਵਿੱਚ ਅਧਿਆਪਕ ਅਨਿਲ ਜਾਸੂਜਾ ਅਤੇ ਨੀਰਜ ਕੁਮਾਰ, ਕਲੱਸਟਰ ਨੰਬਰ 1 ਤੋ ਇੰਚਾਰਜ ਸੀਐਚਟੀ ਰਿੰਪਲ ਡੋਡਾ, ਅਧਿਆਪਕ ਸੋਨੂੰ ਬਵੇਜਾ, ਸੰਜੀਵ ਗਰੋਵਰ ਅਤੇ ਦਇਆ ਨੰਦ, ਕਲੱਸਟਰ ਨੰ 2 ਤੋ ਸੀਐਚਟੀ ਤ੍ਰਿਪਤਾ ਰਾਣੀ, ਅਧਿਆਪਕ ਰਿੰਸ਼ੂ ਜਾਸੂਜਾ ਅਤੇ ਨਵਜੋਤ ਕੋਰ, ਕਲੱਸਟਰ ਕਰਨੀ ਖੇੜਾ ਤੋਂ ਸੀਐਚਟੀ ਹਨੂੰਮਾਨ ਰਾਮ ,ਅਧਿਆਪਕ ਸਾਹਿਲ ਬਾਂਸਲ, ਕਲੱਸਟਰ ਜੰਡਵਾਲਾ ਖਰਤਾ ਤੋ ਸੀਐਚਟੀ ਅੰਜੂ ਰਾਣੀ, ਅਧਿਆਪਕ ਅਸ਼ੋਕ ਮਿੱਢਾ, ਮੈਡਮ ਸ਼ਿਖਾ ਕਮਰਾ ਅਤੇ ਰੁਪਿੰਦਰ ਕੋਰ ਕਲੱਸਟਰ ਸਲੇਮਸ਼ਾਹ ਤੋਂ ਸੀਐਚਟੀ ਪ੍ਰਵੀਨ ਕੋਰ, ਅਧਿਆਪਕ ਮਨੋਜ ਕੁਮਾਰ, ਅਮਿਤ ਛਾਬੜਾ, ਸਮੂਹ ਪੜ੍ਹੋ ਪੰਜਾਬ ਪੜਾਓ ਪੰਜਾਬ ਟੀਮ ਅਤੇ ਸਮੁੱਚੇ ਨਿਗਰਾਨ ਅਮਲੇ ਵੱਲੋਂ ਸਲਾਘਾਯੋਗ ਕੰਮ ਕੀਤਾ ਜਾ ਰਿਹਾ ਹੈ।






**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਨੈਸ਼ਨਲ ਲੋਕ ਅਦਾਲਤ 10 ਅਪ੍ਰੈਲ ਨੂੰ ਲਗਾਈ ਜਾਏਗੀ :ਜਿਲ੍ਹਾ ਅਤੇ ਸੈਸ਼ਨ ਜੱਜ**

**ਕਿਸੇ ਵੀ ਤਰ੍ਹਾਂ ਦੀ ਕਾਨੂੰਨੀ ਸਹਾਇਤਾ/ਸਲਾਹ ਲਈ ਡਾਇਲ ਕਰੋ 1968 :ਸੀ.ਜੇ.ਐਮ ਰਾਵਲ**

**ਫਾਜ਼ਿਲਕਾ, 19 ਮਾਰਚ**

ਨੈਸ਼ਨਲ ਲੀਗਲ ਸਰਵਿਸ ਅਥਾਰਟੀ, ਨਵੀਂ ਦਿੱਲੀ, ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ, ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਸ਼੍ਰੀ ਤਰਸੇਮ ਮੰਗਲਾ, ਜਿਲ੍ਹਾ ਅਤੇ ਸੈਸ਼ਨ ਜੱਜ-ਕਮ-ਮਾਣਯੋਗ ਚੈਅਰਮੈਨ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜਿਲਕਾ ਜੀ ਦੀ ਅਗਵਾਈ ਅਤੇ ਮਾਰਗ ਦਰਸ਼ਨ ਹੇਠ 10 ਅਪ੍ਰੈਲ 2021 ਨੂੰ ਫਾਜ਼ਿਲਕਾ, ਅਬੋਹਰ ਅਤੇ ਜਲਾਲਬਾਦ ਵਿਖੇ ਨੈਸ਼ਨਲ ਲੋਕ ਅਦਾਲਤ ਲਗਾਈ ਜਾ ਰਹੀ ਹੈ। ਇਸ ਲੋਕ ਅਦਾਲਤ ਵਿਚ ਹਰ ਤਰ੍ਹਾਂ ਦੇ ਮਸਲੇ ਲਗਾਏ ਜਾ ਸਕਦੇ ਹਨ।

ਸ਼੍ਰੀ ਰਾਜ ਪਾਲ ਰਾਵਲ, ਸਕੱਤਰ, ਜਿਲ੍ਹਾ ਕਾਨੂੰਨੀ ਸੇਵਾਵਾ ਅਥਾਰਟੀ, ਫਾਜ਼ਿਲਕਾ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਇਹਨਾਂ ਲੋਕ ਅਦਾਲਤਾਂ ਦੇ ਨਾਲ ਜਿੱਥੇ ਆਮ ਲੋਕਾਂ ਨੂੰ ਰਾਹਤ ਮਿਲਦੀ ਹੈ ਉੱਥੇ ਉਹਨਾਂ ਲੋਕਾ ਦੇ ਸਮਾਂ ਅਤੇ ਪੈਸੇ ਦੀ ਵੀ ਬੱਚਤ ਹੁੰਦੀ ਹੈ।ਲੋਕ ਅਦਾਲਤ ਦੁਆਰਾ ਦੋਨੋ ਪਾਰਟੀਆਂ ਵਿੱਚ ਆਪਸੀ ਦੁਸ਼ਮਣੀ ਖਤਮ ਹੋ ਜਾਂਦੀ ਹੈ ਅਤੇ ਭਾਈਚਾਰਾ ਵੱਧਦਾ ਹੈ।ਲੋਕ ਅਦਾਲਤ ਵਿੱਚ ਫੈਸਲਾ ਹੋਣ ਤੋਂ ਬਾਅਦ ਕੇਸ ਵਿੱਚ ਲੱਗੀ ਸਾਰੀ ਕੋਰਟ ਫੀਸ ਵਾਪਿਸ ਮਿਲ ਜਾਂਦੀ ਹੈ।ਇਸਦੇ ਫੈਸਲੇ ਨੂੰ ਦੀਵਾਨੀ ਅਦਾਲਤ ਦੀ ਡਿਗਰੀ ਦੀ ਮਾਣਤਾ ਪ੍ਰਾਪਤ ਹੈ। ਇਸ ਦੇ ਫੈਸਲੇ ਦੇ ਖਿਲਾਫ਼ ਕੋਈ ਅਪੀਲ ਨਹੀਂ ਹੋ ਸਕਦੀ। ਉਹਨਾਂ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਆਪਣੇ ਕੇਸਾਂ ਦਾ ਲੋਕ ਅਦਾਲਤ ਵਿੱਚ ਫੈਸਲਾ ਕਰਾ ਕੇ ਵੱਧ ਤੋਂ ਵੱਧ ਲਾਭ ਉਠਾ ਸਕਦੇ ਹਨ।

ਇਥੇ ਇਹ ਵੀ ਦੱਸਣਯੋਗ ਹੈ ਕਿ ਇਸ ਸਬੰਧ ਵਿੱਚ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਲਈ ਕਚਹਿਰੀ ਵਿਖੇ ਸਥਿਤ ਫਰੰਟ ਆਫਿਸ ਪਹੁੰਚ ਕੀਤੀ ਜਾ ਸਕਦੀ ਹੈ ਅਤੇ 1968 ਜਾਂ 261500 `ਤੇ ਸੰਪਰਕ ਕੀਤਾ ਜਾ ਸਕਦਾ ਹੈ।





**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਨਵ ਨਿਯੁਕਤ ਅਧਿਆਪਕਾਂ ਦੀ ਚਾਰ ਰੋਜ਼ਾ ਸਿਖਲਾਈ ਅੱਜ ਤੋਂ ਸ਼ੁਰੂ**

**ਫਾਜ਼ਿਲਕਾ 19 ਮਾਰਚ**



ਸਿੱਖਿਆ ਮੰਤਰੀ ਪੰਜਾਬ ਵਿਜੇਇੰਦਰ ਸਿੰਗਲਾ ਅਤੇ ਸਿੱਖਿਆ ਸਕੱਤਰ ਕ੍ਰਿਸ਼ਨ ਕੁਮਾਰ ਆਈ ਏ ਐੱਸ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਹਾਲ ਹੀ ਵਿੱਚ ਨਿਯੁਕਤ ਕੀਤੇ ਗਏ ਅਧਿਆਪਕਾਂ ਦੀ ਚਾਰ ਦਿਨਾ ਸਿਖਲਾਈ ਵਰਕਸ਼ਾਪ ਅੱਜ ਤੋਂ ਆਰੰਭ ਹੋ ਰਹੀ ਹੈ।ਜ਼ਿਲ੍ਹਾ ਫਾਜ਼ਿਲਕਾ ਵਿਖੇ ਇਹ ਸਿਖਲਾਈ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ) ਡਾ.ਤ੍ਰਿਲੋਚਨ ਸਿੰਘ ਸਿੱਧੂ ਅਤੇ ਡਾਇਟ ਫਿਰੋਜ਼ਪੁਰ ਦੇ ਪ੍ਰਿੰਸੀਪਲ ਸ੍ਰੀਮਤੀ ਸੀਮਾ ਦੀ ਯੋਗ ਰਹਿਨੁਮਾਈ ਹੇਠ ਸ਼ੁਰੂ ਕੀਤੀ ਜਾ ਰਹੀ ਹੈ।

ਜ਼ਿਲ੍ਹਾ ਸਿਖਿਆ ਅਫਸਰ ਡਾ ਸਿੱਧੂ ਨੇ ਦੱਸਿਆ ਕਿ ਇਸ ਸਬੰਧੀ ਮੁਕੰਮਲ ਸਾਰਨੀ ਵਿਭਾਗ ਵੱਲੋਂ ਸਬੰਧਤ ਅਧਿਆਪਕਾਂ ਨੂੰ ਭੇਜ ਦਿੱਤੀ ਹੈ ਅਤੇ ਬਲਾਕ ਮੈਂਟਰ (ਅੰਗਰੇਜ਼ੀ, ਗਣਿਤ ਅਤੇ ਸਾਇੰਸ) ਇਸ ਟ੍ਰੇਨਿੰਗ ਦੇ ਰਿਸੋਰਸ ਪਰਸਨ ਹੋਣਗੇ।ਡਾ ਸਿੱਧੂ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਸਿੱਖਿਆ ਤੇ ਉਪ ਜ਼ਿਲਾ ਸਿੱਖਿਆ ਅਫਸਰ ਸੈਕੰਡਰੀ ਸਿੱਖਿਆ ਬ੍ਰਿਜਮੋਹਨ ਸਿੰਘ ਬੇਦੀ ਨੇ ਨਵ ਨਿਯੁਕਤ ਹੋਏ ਅਧਿਆਪਕਾਂ ਨੂੰ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਉਪ ਜ਼ਿਲ੍ਹਾ ਸਿੱਖਿਆ ਅਫਸਰ ਸੈ.ਸਿ. ਬ੍ਰਿਜਮੋਹਨ ਸਿੰਘ ਬੇਦੀ ਨੇ ਅੱਗੇ ਜਾਣਕਾਰੀ ਦਿੰਦਿਆਂ ਹੋਇਆ ਦੱਸਿਆ ਕਿ ਟ੍ਰੇਨਿੰਗ ਦੌਰਾਨ ਕੋਵਿਡ-19 ਦੀਆਂ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਯਕੀਨੀ ਬਣਾਈ ਜਾਵੇਗੀ।

ਇਸ ਟ੍ਰੇਨਿੰਗ ਦੇ ਕੋਆਰਡੀਨੇਟਰ ਗੌਤਮ ਗੌੜ ਨੇ ਦੱਸਿਆ ਕਿ ਚਾਰ ਵਿਸ਼ਿਆਂ ਦੀ ਟ੍ਰੇਨਿੰਗ ਅਲੱਗ-ਅਲੱਗ ਸਥਾਨਾਂ ਤੇ ਕਰਵਾਈ ਜਾ ਰਹੀ ਹੈ।ਅੰਗਰੇਜ਼ੀ ਅਤੇ ਸਮਾਜਿਕ ਸਿੱਖਿਆ ਦੇ 135 ਨਵ-ਨਿਯੁਕਤ ਅਧਿਆਪਕਾਂ ਦੀ ਟ੍ਰੇਨਿੰਗ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਅਬੋਹਰ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਫਾਜ਼ਿਲਕਾ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੰਨਿਆ ਜਲਾਲਾਬਾਦ ਵਿਖੇ ਕਰਵਾਈ ਜਾ ਰਹੀ ਹੈ।

ਅਸ਼ੋਕ ਧਮੀਜਾ ਡੀ.ਐਮ. ਨੇ ਦੱਸਿਆ ਕਿ ਗਣਿਤ ਨਾਲ ਸਬੰਧਤ 139 ਅਧਿਆਪਕਾਂ ਦੀ ਟ੍ਰੇਨਿੰਗ ਸਰਕਾਰੀ ਹਾਈ ਸਕੂਲ ਬ੍ਰਾਂਚ ਅਬੋਹਰ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਫਾਜ਼ਿਲਕਾ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੰਨਿਆ ਜਲਾਲਾਬਾਦ ਵਿਖੇ ਕਰਵਾਈ ਜਾ ਰਹੀ ਹੈ। ਇਸ ਤੋਂ ਅੱਗੇ ਜਾਣਕਾਰੀ ਦਿੰਦੇ ਹੋਏ ਡੀ ਐਮ ਨਰੇਸ਼ ਕੁਮਾਰ ਨੇ ਦੱਸਿਆ ਕਿ ਵਿਗਿਆਨ ਵਿਸ਼ੇ ਨਾਲ ਸਬੰਧਤ 174 ਨਵ ਨਿਯੁਕਤ ਅਧਿਆਪਕਾਂ ਦੀ ਟ੍ਰੇਨਿੰਗ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੰਨਿਆ ਅਬੋਹਰ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਫਾਜ਼ਿਲਕਾ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੰਨਿਆ ਜਲਾਲਾਬਾਦ ਵਿਖੇ ਕਰਵਾਈ ਜਾ ਰਹੀ ਹੈ।

ਜ਼ਿਲ੍ਹਾ ਮੀਡੀਆ ਕੋਆਰਡੀਨੇਟਰ ਗੁਰਛਿੰਦਰ ਪਾਲ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਨਵ ਨਿਯੁਕਤ ਅਧਿਆਪਕਾਂ ਦੀ ਟ੍ਰੇਨਿੰਗ ਵਿੱਚ 448 ਅਧਿਆਪਕ ਸਿਖਲਾਈ ਪ੍ਰਾਪਤ ਕਰਨਗੇ। ਇਸ ਮੌਕੇ ਪ੍ਰਿੰਸੀਪਲ ਰਾਜ ਕੁਮਾਰ ਵਰਮਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਫਾਜ਼ਿਲਕਾ, ਵਿਜੈਪਾਲ ਜ਼ਿਲ੍ਹਾ ਨੋਡਲ ਅਫ਼ਸਰ ਬਡੀਜ਼ ਅਤੇ ਡੀ ਐਮ ਆਈ.ਸੀ.ਟੀ. ਸਿਕੰਦਰ ਸਿੰਘ ਮੌਜੂਦ ਸਨ।

**ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ**



**ਕੋਵਿਡ ਦਾ ਖਤਰਾ ਵੱਡਾ, ਹਰ ਕੋਈ ਰੱਖੇ ਸਾਵਧਾਨੀਆਂ- ਡਿਪਟੀ ਕਮਿਸ਼ਨਰ**

**ਲੋਕਾਂ ਨੂੰ ਮਾਸਕ ਪਾ ਕੇ ਰੱਖਣ ਅਤੇ ਸਰਕਾਰੀ ਹਦਾਇਤਾਂ ਦੀ ਸਖ਼ਤੀ ਨਾਲ ਪਾਲਣਾ ਦੀ ਅਪੀਲ**

**ਵੈਕਸੀਨ ਜਰੂਰ ਲਗਵਾਓ**

**ਸੁੱਕਰਵਾਰ ਨੂੰ ਆਏ 28 ਨਵੇਂ ਕੇਸ**

**ਫਾਜ਼ਿਲਕਾ, 19 ਮਾਰਚ:**

ਫਾਜ਼ਿਲਕਾ ਦੇ ਡਿਪਟੀ ਕਮਿਸ਼ਨਰ ਸ: ਅਰਵਿੰਦ ਪਾਲ ਸਿੰਘ ਸੰਧੂ ਨੇ ਜ਼ਿਲਾ ਵਾਸੀਆਂ ਨੂੰ ਕੋਵਿਡ 19 ਦੇ ਵੱਧਦੇ ਖਤਰੇ ਤੋਂ ਸੁਚੇਤ ਕਰਦਿਆਂ ਅਪੀਲ ਕੀਤੀ ਹੈ ਕਿ ਬਿਮਾਰੀ ਤੇਜੀ ਨਾਲ ਵੱਧ ਰਹੀ ਹੈ ਇਸ ਲਈ ਹਰ ਇਕ ਨਾਗਰਿਕ ਨੂੰ ਸਮਾਜ ਦੇ ਵੱਡੇ ਹਿੱਤਾਂ ਵਿਚ ਡਾਕਟਰੀ ਸਲਾਹਾਂ ਦਾ ਸਖ਼ਤੀ ਨਾਲ ਪਾਲਣਾ ਕਰਨਾ ਚਾਹੀਦਾ ਹੈ। ਉਨਾਂ ਨੇ ਕਿਹਾ ਕਿ ਪਿੱਛਲੇ ਕੁਝ ਦਿਨਾਂ ਵਿਚ ਬਿਮਾਰੀ ਪਸਾਰ ਵਧੇਰੇ ਤੇਜੀ ਨਾਲ ਹੋਇਆ ਹੈ ਅਤੇ ਇਸ ਲਈ ਸਾਨੂੰ ਸਭ ਨੂੰ ਹੁਣ ਵਧੇਰੇ ਸਾਵਧਾਨੀ ਰੱਖਣ ਦੀ ਜਰੂਰਤ ਹੈ। ਉਨਾਂ ਨੇ ਜ਼ਿਲਾਂ ਵਾਸੀਆਂ ਨੂੰ ਅਪੀਲ ਕੀਤੀ ਕਿ ਹਰ ਸਮੇਂ ਮਾਸਕ ਪਾ ਕੇ ਰੱਖੋ, ਭੀੜ ਭਾੜ ਵਾਲੀਆਂ ਥਾਂਵਾਂ ਤੇ ਘੱਟ ਤੋਂ ਘੱਟ ਜਾਓ, ਸਮਾਜਿਕ ਦੂਰੀ ਰੱਖੋ ਅਤੇ ਵਾਰ ਵਾਰ ਹੱਥ ਧੋਂਦੇ ਰਹੋ।

ਡਿਪਟੀ ਕਮਿਸ਼ਨਰ ਸ: ਅਰਵਿੰਦ ਪਾਲ ਸਿੰਘ ਸੰਧੂ ਨੇ ਕਿਹਾ ਕਿ ਸਰਕਾਰੀ ਹਸਪਤਾਲਾਂ ਵਿਚ ਕੋਵਿਡ ਦਾ ਟੈਸਟ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ ਅਤੇ ਲੋਕ ਬਿਨਾਂ ਕਿਸੇ ਡਰ ਆਪਣਾ ਟੈਸਟ ਕਰਵਾਉਣ ਕਿਉਂਕਿ ਜੇਕਰ ਬਿਮਾਰੀ ਦਾ ਜਲਦੀ ਪਤਾ ਲੱਗ ਜਾਵੇ ਤਾਂ ਇਸਦਾ ਪਸਾਰ ਵੀ ਰੋਕਿਆ ਜਾ ਸਕਦਾ ਹੈ ਅਤੇ ਮਰੀਜ ਨੂੰ ਸਮੇਂ ਸਿਰ ਇਲਾਜ ਦੀ ਸਹੂਲਤ ਮਿਲ ਜਾਣ ਨਾਲ ਉਹ ਛੇਤੀ ਠੀਕ ਹੋ ਜਾਂਦਾ ਹੈ। ਉਨਾਂ ਨੇ ਕਿਹਾ ਕਿ ਸਾਂਝੇ ਯਤਨਾਂ ਨਾਲ ਹੀ ਅਸੀਂ ਮਿਸ਼ਨ ਫਤਿਹ ਨੂੰ ਕਾਮਯਾਬ ਕਰ ਸਕਦੇ ਹਾਂ।

ਡਿਪਟੀ ਕਮਿਸ਼ਨਰ ਨੇ ਇਸ ਮੌਕੇ ਜ਼ਿਲਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਵੈਕਸੀਨ ਦਾ ਟੀਕਾ ਵੀ ਜਰੂਰ ਲਗਾਉਣ। ਸਾਰੇ ਸਰਕਾਰੀ ਹਸਪਤਾਲਾਂ ਅਤੇ ਪ੍ਰਾਇਮਰੀ ਹੈਲਥ ਸੈਂਟਰਾਂ ਤੇ ਇਹ ਟੀਕਾ ਮੁਫ਼ਤ ਲਗਾਇਆ ਜਾ ਰਿਹਾ ਹੈ। 60 ਸਾਲ ਤੋਂ ਵੱਡੀ ਉਮਰ ਦਾ ਕੋਈ ਵੀ ਵਿਅਕਤੀ ਅਤੇ 45 ਤੋਂ 59 ਸਾਲ ਉਮਰ ਦੇ ਬਿਮਾਰੀਆਂ ਤੋਂ ਪੀੜਤ ਲੋਕ ਡਾਕਟਰੀ ਸਲਾਹ ਤੇ ਇਹ ਟੀਕਾ ਲਗਵਾ ਸਕਦੇ ਹਨ। ਪ੍ਰਾਈਵੇਟ ਹਸਪਤਾਲਾਂ ਵਿਚ ਇਸ ਟੀਕੇ ਦੀ ਕੀਮਤ 250 ਰੁਪਏ ਨਿਰਧਾਰਤ ਕੀਤੀ ਗਈ ਹੈ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਪਿੱਛਲੇ 24 ਘੰਟਿਆਂ ਵਿਚ ਨਵੇਂ ਮਾਮਲਿਆਂ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲੇ ਵਿਚ ਹੁਣ ਤੱਕ ਕੁੱਲ 4107 ਪਾਜਿਟਿਵ ਆਏ ਹਨ। ਪਿੱਛਲੇ 24 ਘੰਟਿਆਂ ਵਿਚ 28 ਲੋਕ ਪਾਜਿਟਿਵ ਆਏ ਹਨ। ਹੁਣ ਤੱਕ 3918 ਲੋਕ ਠੀਕ ਹੋ ਚੁੱਕੇ ਹਨ ਜਦ ਕਿ ਅੱਜ ਵੀ 8 ਲੋਕ ਠੀਕ ਹੋਏ ਹਨ। ਜਦ ਕਿ ਇਸ ਸਮੇਂ ਜ਼ਿਲੇ ਵਿਚ 114 ਐਕਟਿਵ ਕੇਸ ਹਨ ਅਤੇ ਹੁਣ ਤੱਕ ਜ਼ਿਲੇ ਵਿਚ 75 ਮੌਤਾਂ ਹੋਈਆਂ ਹਨ।